## ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈਸਿ), ਪੰਜਾਬ, ਐਸ.ਏ.ਐਸ. ਨਗਰ
## (ਕੋਆਰਡੀਨੇਸ਼ਨ ਸ਼ਾਖਾ)

ਸੇਵਾ ਵਿਖੇ

1. ਸਮੂਹ ਮੰਡਲ ਸਿੱਖਿਆ ਅਫਸਰ, ਪੰਜਾਬ।
2. ਸਮੂਹ ਜਿਲ੍ਹਾ ਸਿੱਖਿਅ ਅਫਸਰ (ਸੈਸਿ), ਪੰਜਾਬ।

ਮੀਮੋ ਨੰ: 15/10-2015 ਕੋ ਸੈਲ (1)/537
ਮਿਤੀ: 04.09.2017

**ਵਿਸ਼ਾ: ਅਨੁਸੂਚਿਤ ਜਾਤੀ ਦੇ ਸਰਟੀਫਿਕੇਟਾਂ, ਦਫਤਰੀ ਕੰਮ ਕਾਜ ਵਿੱਚ ਹਰੀਜਨ ਅਤੇ ਗਿਰੀਜਨ ਸ਼ਬਦ ਦੀ ਵਰਤੋਂ ਤੋਂ ਗੁਰੇਜ਼ ਕਰਨ ਸਬੰਧੀ।**

ਹਵਾਲਾ: ਪੰਜਾਬ ਸਰਕਾਰ, ਸਿੱਖਿਆ ਵਿਭਾਗ (ਸਿੱਖਿਆ -6 ਸ਼ਾਖਾ) ਦਾ ਪੱਤਰ ਨੰ: 11/7/17-5ਸਿ6/1045735/1-5 ਮਿਤੀ: 17.08.2017 ਅਤੇ ਅਨੁਸੂਚਿਤ ਜਾਤੀਆਂ, ਪੱਛੜੀਆਂ ਸ਼੍ਰੇਣੀਆਂ ਅਤੇ ਘੱਟ ਗਿਣਤੀ ਵਰਗ ਭਲਾਈ ਵਿਭਾਗ (ਰਿਜ਼ਰਵੇਸ਼ਨ ਸੈਲ) ਦਾ ਪੱਤਰ ਨੰ: 7/3/2015-ਰਸ/1033779/1-8 ਮਿਤੀ 28.07.2017.

ਉਪਰੋਕਤ ਵਿਸ਼ੇ ਤੇ ਹਵਾਲਾ ਅਧੀਨ ਹਦਾਇਤਾਂ ਦੀ ਕਾਪੀ ਆਪ ਜੀ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜੀ ਜਾਂਦੀ ਹੈ।

ਨੱਥੀ: ਹਦਾਇਤਾਂ ਦੀ ਕਾਪੀ

ਸੁਪਰਡੰਟ ਕੋਆਰਡੀਨੇਸ਼ਨ ਸ਼ਾਖਾ

ਪਿੱ. ਅੰ. ਨੰ. ਉਕਤ ਮਿਤੀ: 04.09.2017

ਉਤਾਰਾ ਦਫਤਰ ਡੀ.ਪੀ.ਆਈ. (ਸੈਸਿ), ਪੰਜਾਬ ਵਿਖੇ ਸਮੂਹ ਅਧਿਕਾਰੀਆਂ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਸੁਪਰਡੰਟ ਕੋਆਰਡੀਨੇਸ਼ਨ ਸ਼ਾਖਾ

ਡਾ ਰੀ 588 ਤੀਏ
17.8.17

ਨੰ: 7/3/2015-ਰਸ1/ 1033779/1-8 42286 11/8/17

**ਪੰਜਾਬ ਸਰਕਾਰ**
**ਅਨੁਸੂਚਿਤ ਜਾਤੀਆਂ, ਪੱਛੜੀਆਂ ਸ਼੍ਰੇਣੀਆਂ ਅਤੇ ਘੱਟ ਗਿਣਤੀ ਵਰਗ ਭਲਾਈ ਵਿਭਾਗ**
**(ਰਿਜ਼ਰਵੇਸ਼ਨ ਸੈੱਲ)**

ਸੇਵਾ ਵਿਖੇ,

1) ਰਾਜ ਦੇ ਸਮੂਹ ਵਧੀਕ ਮੁੱਖ ਸਕੱਤਰ/ਵਿੱਤੀ ਕਮਿਸ਼ਨਰ/ਪ੍ਰਮੁੱਖ ਸਕੱਤਰ/ਪ੍ਰਬੰਧਕੀ ਸਕੱਤਰ;
2) ਰਜਿਸਟਰਾਰ, ਪੰਜਾਬ ਅਤੇ ਹਰਿਆਣਾ ਹਾਈ ਕੋਰਟ;
3) ਰਾਜ ਦੀਆਂ ਸਮੂਹ ਡਵੀਜ਼ਨਾਂ ਦੇ ਕਮਿਸ਼ਨਰਜ਼;
4) ਰਾਜ ਦੇ ਸਮੂਹ ਇੰਸਪੈਕਟਰ ਜਨਰਲ, ਪੁਲਿਸ/ਡਿਪਟੀ ਇੰਸਪੈਕਟਰ ਜਨਰਲ, ਪੁਲਿਸ;
5) ਰਾਜ ਦੇ ਸਮੂਹ ਜਿਲ੍ਹਾ ਅਤੇ ਸੈਸ਼ਨਜ਼ ਜੱਜ;
6) ਰਾਜ ਦੇ ਸਮੂਹ ਡਿਪਟੀ ਕਮਿਸ਼ਨਰਜ਼;
7) ਰਾਜ ਦੇ ਸਮੂਹ ਪੁਲਿਸ ਕਮਿਸ਼ਨਰਜ਼/ਸੀਨੀਅਰ ਪੁਲਿਸ ਕਪਤਾਨ;
8) ਰਾਜ ਦੇ ਸਮੂਹ ਉਪ ਮੰਡਲ ਅਫ਼ਸਰ (ਸਿਵਲ)।

11/8/17 ADCC

ਮਿਤੀ, ਚੰਡੀਗੜ੍ਹ: 28/07/2017

ਵਿਸ਼ਾ: **ਅਨੁਸੂਚਿਤ ਜਾਤੀ ਦੇ ਸਰਟੀਫਿਕੇਟਾਂ, ਦਫ਼ਤਰੀ ਕੰਮ-ਕਾਜ ਵਿੱਚ "ਹਰੀਜਨ" ਅਤੇ "ਗਿਰੀਜਨ" ਸ਼ਬਦ ਦੀ ਵਰਤੋਂ ਤੋਂ ਗੁਰੇਜ਼ ਕਰਨ ਸਬੰਧੀ।**

*****

ਸ੍ਰੀ ਮਾਨ ਜੀ,

ਮੈਨੂੰ ਉਪਰੋਕਤ ਵਿਸ਼ੇ ਤੇ ਆਪ ਦਾ ਧਿਆਨ ਸਰਕਾਰ ਦੇ ਪੱਤਰ ਨੰ: 7/3/2015-ਰਸ1/392 ਮਿਤੀ 28-12-2015 ਵੱਲ ਦਿਵਾਉਂਦੇ ਹੋਏ ਇਹ ਦੱਸਣ ਦੀ ਹਦਾਇਤ ਹੋਈ ਹੈ ਕਿ ਇਸ ਪੱਤਰ ਰਾਹੀਂ ਭਾਰਤ ਸਰਕਾਰ ਵੱਲੋਂ OM no. 12025/14/90-SCD ਮਿਤੀ 16.08.1990 ਰਾਹੀਂ ਜਾਰੀ ਹਦਾਇਤਾਂ ਦੇ ਸਨਮੁੱਖ ਇਹ ਲਿਖਿਆ ਗਿਆ ਸੀ ਕਿ ਇਹਨਾਂ ਹਦਾਇਤਾਂ ਅਨੁਸਾਰ ਅਨੁਸੂਚਿਤ ਜਾਤੀ/ਅਨੁਸੂਚਿਤ ਕਬੀਲਿਆਂ ਦੇ ਸਰਟੀਫਿਕੇਟਾਂ, ਦਫ਼ਤਰੀ ਕੰਮ-ਕਾਜ ਵਿੱਚ "ਹਰੀਜਨ" ਅਤੇ "ਗਿਰੀਜਨ" ਸ਼ਬਦ ਦੀ ਵਰਤੋਂ ਤੋਂ ਗੁਰੇਜ ਕੀਤਾ ਜਾਵੇ ਅਤੇ ਭਾਰਤ ਸਰਕਾਰ ਦੀਆਂ ਇਨ੍ਹਾਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨਾ ਯਕੀਨੀ ਬਣਾਇਆ ਜਾਵੇ।

2. ਪਰੰਤੂ ਸਰਕਾਰ ਦੇ ਧਿਆਨ ਵਿੱਚ ਲਿਆਂਦਾ ਗਿਆ ਹੈ ਕਿ ਕੁਝ ਵਿਭਾਗਾਂ/ਸਰਕਾਰੀ ਦਫ਼ਤਰਾਂ ਵੱਲੋਂ ਸਰਕਾਰੀ ਦਫ਼ਤਰੀ ਸ਼ਬਦਾਵਲੀ ਵਿੱਚ ਅਜੇ ਵੀ "ਹਰੀਜਨ/ਗਿਰੀਜਨ" ਸ਼ਬਦ ਦੀ ਵਰਤੋਂ ਕੀਤੀ ਜਾ ਰਹੀ ਹੈ, ਜੋ ਕਿ ਉਪਰੋਕਤ ਹਦਾਇਤਾਂ ਦੀ ਉਲੰਘਣਾਂ ਹੈ। ਇਸ ਲਈ ਆਪ ਨੂੰ ਮੁੜ ਲਿਖਿਆ ਜਾਂਦਾ ਹੈ ਕਿ ਅਨੁਸੂਚਿਤ ਜਾਤੀ/ਅਨੁਸੂਚਿਤ ਕਬੀਲਿਆਂ ਦੇ ਸਰਟੀਫਿਕੇਟਾਂ, ਦਫ਼ਤਰੀ ਕੰਮ-ਕਾਜ ਵਿੱਚ "ਹਰੀਜਨ" ਅਤੇ "ਗਿਰੀਜਨ" ਸ਼ਬਦ ਦੀ ਵਰਤੋਂ ਤੋਂ ਗੁਰੇਜ਼ ਕੀਤਾ ਜਾਵੇ।

3. ਆਪ ਨੂੰ ਬੇਨਤੀ ਹੈ ਕਿ ਇਹ ਹਦਾਇਤਾਂ ਸਮੂਹ ਸਬੰਧਤਾਂ ਦੇ ਧਿਆਨ ਵਿੱਚ ਲਿਆ ਦਿੱਤੀਆਂ ਜਾਣ।

**ਸੰਯੁਕਤ ਸਕੱਤਰ ਭਲਾਈ**

ਪਿੱਠਅੰਕਣਨੰ: 7/3/2015-ਰਸ1/ 1033779/9 ਮਿਤੀ, ਚੰਡੀਗੜ੍ਹ 28/07/2017

ਉਪਰੋਕਤ ਦਾ ਇੱਕ ਉਤਾਰਾ ਰਾਜ ਦੇ ਸਮੂਹ ਵਿਭਾਗਾਂ ਦੇ ਮੁਖੀਆਂ ਨੂੰ ਸੂਚਨਾਂ ਅਤੇ ਅਗਲੇਰੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

**ਸੰਯੁਕਤ ਸਕੱਤਰ ਭਲਾਈ**

ਪਿੱਠ ਅੰਕਣ ਨੰ: 7/3/2015-ਰਸ1/ 1033779/10-14 ਮਿਤੀ, ਚੰਡੀਗੜ੍ਹ 28/07/2017

ਉਪਰੋਕਤ ਦਾ ਇੱਕ ਉਤਾਰਾ ਹੇਠ ਲਿਖਿਆਂ ਨੂੰ ਸੂਚਨਾਂ ਅਤੇ ਅਗਲੇਰੀ ਕਾਰਵਾਈ ਲਈ ਭੇਜਿਆ ਜਾਂਦਾ ਹੈ:-

1) ਨਿੱਜੀ ਸਕੱਤਰ/ਮਾਨਯੋਗ ਮੁੱਖ ਸਕੱਤਰ, ਪੰਜਾਬ;
2) ਨਿੱਜੀ ਸਕੱਤਰ/ਪ੍ਰਮੁੱਖ ਸਕੱਤਰ, ਮਾਨਯੋਗ ਮੁੱਖ ਮੰਤਰੀ, ਪੰਜਾਬ;
3) ਰਾਜ ਦੇ ਸਮੂਹ ਬੋਰਡਾਂ/ਕਾਰਪੋਰੇਸ਼ਨਾਂ/ਯੂਨੀਵਰਸਿਟੀਆਂ/ਸਵਾਧੀਨ ਸੰਸਥਾਵਾਂ ਦੇ ਮੁੱਖੀ;
4) ਚੇਅਰਮੈਨ, ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ, ਕਮਰਾ ਨੰ:8, ਚੌਥੀ ਮੰਜਿਲ, ਪੰਜਾਬ ਸਿਵਲ ਸਕੱਤਰੇਤ-1, ਚੰਡੀਗੜ੍ਹ
5) ਡਾਇਰੈਕਟਰ, ਅਨੁਸੂਚਿਤ ਜਾਤੀਆਂ, ਪੱਛੜੀਆਂ ਸ਼੍ਰੇਣੀਆਂ ਅਤੇ ਘੱਟ ਗਿਣਤੀ ਵਰਗ ਭਲਾਈ ਵਿਭਾਗ, ਪੰਜਾਬ, ਚੰਡੀਗੜ੍ਹ।

**ਸੰਯੁਕਤ ਸਕੱਤਰ ਭਲਾਈ**